# ਪ੍ਰੈਸ ਨੋਟ

**ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਲੋਕ ਸਭਾ ਚੋਣਾਂ ਦੇ ਮੱਦੇ ਨਜ਼ਰ ਲੋਕਾਂ ਵਿੱਚ ਸੁਰੱਖਿਆਂ ਅਤੇ ਸਦਭਾਵਨਾਂ ਬਣਾਈ ਰੱਖਣ ਲਈ ਕੱਢਿਆ ਫਲੈਗ ਮਾਰਚ**

**ਸ਼ਰਾਰਤੀ ਅੰਨਸਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ: ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ**

ਸ੍ਰੀ ਮੁਕਤਸਰ ਸਾਹਿਬ (              ) ਮਾਨਯੋਗ ਸ.ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਅਤੇ ਸ੍ਰੀ ਗੋਰਵ ਯਾਦਵ ਆਈ.ਪੀ.ਐਸ. ਡੀ.ਜੀ.ਪੀ. ਪੰਜਾਬ, ਸ. ਗੁਰਸ਼ਰਨ ਸਿੰਘ ਸੰਧੂ ਆਈ.ਪੀ.ਐਸ ਆਈ.ਜੀ.ਪੀ ਫਰੀਦਕੋਟ ਰੇਂਜ ਫਰੀਦਕੋਟ ਜੀ ਦੀਆਂ ਹਦਾਇਤਾਂ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਲੋਕ ਸਭਾ ਚੋਣਾਂ ਦੇ ਮੱਦੇ ਨਜ਼ਰ ਪੁਲਿਸ ਦੀਆਂ ਅਲੱਗ ਅਲੱਗ ਟੀਮਾਂ ਬਣਾ ਕੇ ਜਿਲ੍ਹਾ ਅੰਦਰ ਸਖਤ ਸੁਰੱਖਿਆਂ ਪ੍ਰਬੰਧ ਕੀਤੇ ਗਏ ਹਨ ਅਤੇ ਪੀ.ਸੀ.ਆਰ ਮੋਟਰਸਾਈਕਲ ਵੱਲੋ ਰਾਤ ਦਿਨ ਗਸ਼ਤਾਂ ਕੀਤੀਆਂ ਜਾ ਰਹੀਆਂ ਹਨ । ਇਸ ਨੂੰ ਮੁੱਖ ਰੱਖਦਿਆਂ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਲੋਕਾਂ ਅੰਦਰ ਸੁਰੱਖਿਆ ਅਤੇ ਸਦਭਾਵਨਾ ਬਣਾਈ ਰੱਖਣ ਲਈ ਜਿਲ੍ਹੇ ਸ੍ਰੀ ਮੁਕਤਸਰ ਸਾਹਿਬ ਦੀਆਂ ਸਾਰੀਆਂ ਸਬ-ਡਵੀਜ਼ਨਾਂ ਸਬ-ਡਵੀਜ਼ਨ ਮਲੋਟ,ਸਬ-ਡਵੀਜ਼ਨ ਗਿੱਦੜਬਾਹਾ, ਸਬ-ਡਵੀਜ਼ਨ ਸ੍ਰੀ ਮੁਕਤਸਰ ਸਾਹਿਬ, ਸਬ-ਡਵੀਜ਼ਨ ਲੰਬੀ ਵਿੱਚ ਫਲੈਗ ਮਾਰਚ ਕੱਢਿਆ ਗਿਆ। ਇਸੇ ਤਹਿਤ ਹੀ ਸਬ ਡਵੀਜ਼ਨ ਸ੍ਰੀ ਮੁਕਤਸਰ ਸਾਹਿਬ ਵਿਖੇ ਇਹ ਫਲੈਗ ਮਾਰਚ ਸਰਕਾਰੀ ਸਕੂਲ ਬਠਿੰਡਾ ਰੋਡ ਸ੍ਰੀ ਮੁਕਤਸਰ ਸਾਹਿਬ ਤੋਂ ਕੋਟਕਪੂਰਾ ਚੌਂਕ, ਮਸੀਤ ਚੌਂਕ, ਘਾਹ ਮੰਡੀ ਚੌਂਕ, ਸ਼ੇਰ ਸਿੰਘ ਚੌਂਕ , ਅਬੋਹਰ ਰੋਡ ਬਾਈਪਾਸ, ਬੱਸ ਸਟੈਂਡ ਮਲੋਟ ਰੋਡ, ਮੰਗੇ ਦਾ ਪੰਪ ਤੋਂ ਬਠਿੰਡਾ ਰੋਡ ਕੋਟਕਪੂਰਾ ਚੌਂਕ, ਡਾਕਟਰ ਕੇਹਰ ਸਿੰਘ ਚੌਂਕ, ਕੋਟ ਕਪੂਰਾ ਰੋਡ, ਪਿੰਡ ਥਾਂਦੇਵਾਲਾ, ਕੋਟਲੀ ਸੰਗਰ, ਹਰਾਜ, ਖੋਕਰ, ਹਰੀ ਕੇ ਕਲਾਂ ਤੋਂ ਸਰਾਏਨਾਗਾ, ਮਰਾੜ ਕਲਾ, ਬਰੀਵਾਲਾ, ਪਿੰਡ ਵੜਿੰਗ, ਝਬੇਲਵਾਲੀ, ਉਦੇਕਰਨ ਤੋਂ ਸ੍ਰੀ ਮੁਕਤਸਰ ਸਾਹਿਬ ਵਿਖੇ ਸਮਾਪਤ ਹੋਇਆ। ਇਹ ਫਲੈਗ ਮਾਰਚ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ ਐਸ.ਐਸ.ਪੀ ਜੀ ਦੀ ਅਗਵਾਈ ਹੇਠ ਕੱਢਿਆ ਗਿਆ। ਇਸ ਮੌਕੇ ਸ.ਕੰਵਲਪ੍ਰੀਤ ਸਿੰਘ ਐਸ ਪੀ(ਐੱਚ),ਸ.ਸਤਨਾਮ ਸਿੰਘ ਡੀ.ਐਸ.ਪੀ ਸ.ਡ (ਸ੍ਰੀ ਮੁਕਤਸਰ ਸਾਹਿਬ), ਸਬ ਡਵੀਜ਼ਨ ਸ੍ਰੀ ਮੁਕਤਸਰ ਸਾਹਿਬ ਦੇ ਸਮੂਹ ਮੁੱਖ ਅਫਸਰਾਨ ਥਾਣਾ ਅਤੇ ਪੁਲਿਸ ਕ੍ਰਮਚਾਰੀਆ/ਅਧਿਕਾਰੀਆਂ ਤੋਂ ਇਲਾਵਾ ਪੈਰਾਮਿਲਟਰੀ ਫੋਰਸ ਮੌਜੂਦ ਸੀ।

ਇਸ ਮੌਕੇ ਸ.ਕੰਵਲਪ੍ਰੀਤ ਐਸ.ਪੀ (ਐੱਚ) ਨੇ ਜਾਣਕਾਰੀ ਦਿੰਦੇ ਕਿਹਾ ਕਿ ਜਿਲਾ ਸ੍ਰੀ ਮੁਕਤਸਰ ਸਾਹਿਬ ਦੇ ਸਮੂਹ ਵਾਸੀਆਂ ਲਈ ਲੋਕ ਸਭਾ ਚੋਣਾਂ ਦੇ ਮੱਦੇ ਨਜ਼ਰ ਪੁਲਿਸ ਵੱਲੋਂ ਜਿਲਾ ਅੰਦਰ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ ਅਤੇ ਸ਼ਰਾਰਤੀ ਅਨਸਰਾਂ ਨੂੰ ਕਿਸੇ ਵੀ ਕੀਮਤ ਤੇ ਬਖਸ਼ਿਆ ਨਹੀਂ ਜਾਵੇਗਾ। ਇਸ ਮੌਕੇ ਉਹਨਾਂ ਕਿਹਾ ਕਿ ਲੋਕ ਬੇਝਿਜਕ ਹੋ ਕੇ ਲੋਕ ਸਭਾ ਦੀਆਂ ਚੋਣਾਂ ਵਿੱਚ ਆਪਣੀ ਵੋਟ ਦਾ ਸਹੀ ਇਸਤੇਮਾਲ ਕਰਨ। ਉਹਨਾਂ ਅਪੀਲ ਕੀਤੀ ਹੈ ਕਿ ਜੇਕਰ ਤੁਸੀਂ ਕੋਈ ਸਾਡੇ ਨਾਲ ਜਾਣਕਾਰੀ ਸਾਂਝੀ ਕਰਨਾ ਚਾਹੁੰਦੇ ਹੋ ਸਾਡੇ ਹੈਲਪਲਾਈਨ ਨੰਬਰ 80549-42100 ਤੇ ਵਟਸਐਪ  ਮੈਸੇਜ ਕਰਕੇ ਜਾਂ ਫੋਨ ਕਾਲ ਕਰਕੇ ਦੇ ਸਕਦੇ ਹੋ ਜਾਣਕਾਰੀ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ।